ਆਕਾਸ਼ਵਾਣੀ ਜਲੰਧਰ
ਰਾਸ਼ਟਰੀ ਖ਼ਬਰਾਂ ਪੰਜਾਬੀ
19:30
ਮਿਤੀ :16-10-2026

*ਪਹਿਲਾ ਬੁਲੇਟਿਨ ਦੀਆਂ ਖਾਸ ਖ਼ਬਰਾਂ*

- ਪੀਐਮ-ਸੇਤੂ ਦੀ ਰਾਸ਼ਟਰੀ ਸੰਚਾਲਨ ਕਮੇਟੀ ਵਲੋਂ ਮਹਾਰਾਸ਼ਟਰ, ਓਡੀਸ਼ਾ ਅਤੇ ਜੰਮੂ-ਕਸ਼ਮੀਰ ਵਿੱਚ ਪੰਜ ITI ਕਲੱਸਟਰਾਂ ਲਈ ਕਰੀਬ ਇੱਕ ਹਜ਼ਾਰ 194 ਕਰੋੜ ਰੁਪਏ ਦੀਆਂ ਨਿਵੇਸ਼ ਯੋਜਨਾਵਾਂ ਮਨਜ਼ੂਰ ।

- ਭਾਰਤ ਅਤੇ 'ਜਾਪਾਨ ਨੇ ਸਾਫ਼-ਸੁਥਰੀ ਊਰਜਾ, ਸੈਮੀਕੰਡਕਟਰ ਅਤੇ ਮਹੱਤਵਪੂਰਨ ਖਣਿਜਾਂ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ।

- ਗ੍ਰਿਹ ਮੰਤਰਾਲੇ ਨੇ ਮਰਦਮਸ਼ੁਮਾਰੀ ਕਾਨੂੰਨ, 1948 ਤਹਿਤ ਮਰਦਮਸ਼ੁਮਾਰੀ (ਸੋਧ) ਨੇਮ, 2026 ਲਾਗੂ ਕੀਤਾ ਏ ।
- ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਏ ਕਿ ਹਵਾਈ ਕਿਰਾਏ ਨੂੰ ਨੇਮਬਧ ਕਰਨ ਲਈ ਨੇਮਾਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਏ।

- 'ਅੰਡਰ-23 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ' ਵਿੱਚ ਭਾਰਤ ਦੀ ਕੋਮਲ ਨੇ ਕਾਂਸੀ ਦਾ ਤਮਗਾ ਜਿੱਤਿਆ । ਬੈਡਮਿੰਟਨ ਵਿੱਚ, ਭਾਰਤ ਦੇ ਜਗਸ਼ੇਰ ਸਿੰਘ ਖੰਗੂਰਾ ਨੇ ਵੀ, BWF ਵਿਸ਼ਵ ਜੂਨੀਅਰ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਮਗਾ ਹਾਸਿਲ ਕੀਤਾ ।

*ਹੁਣ ਖ਼ਬਰਾਂ ਵਿਸਥਾਰ ਨਾਲ*

ਪੀਐਮ-ਸੇਤੂ ਦੀ ਰਾਸ਼ਟਰੀ ਸੰਚਾਲਨ ਕਮੇਟੀ (ਐਨ ਐਸ ਸੀ) ਦੀ ਛੇਵੀਂ ਮੀਟਿੰਗ ਨੇ ਅੱਜ ਮਹਾਰਾਸ਼ਟਰ, ਓਡੀਸ਼ਾ ਅਤੇ ਜੰਮੂ-ਕਸ਼ਮੀਰ ਵਿੱਚ ਪੰਜ ਸਨਅਤੀ ਸਿਖਲਾਈ ਸੰਸਥਾ (ਆਈ ਟੀ ਆਈ) ਕਲੱਸਟਰਾਂ ਲਈ ਕਰੀਬ ਇੱਕ ਹਜ਼ਾਰ 194 ਕਰੋੜ ਰੁਪਏ ਦੀਆਂ ਨਿਵੇਸ਼ ਯੋਜਨਾਵਾਂ ਨੂੰ ਪ੍ਰਵਾਨਗੀ ਦਿੱਤੀ ਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ, ਐਮ ਐਸ ਡੀ ਈ ਸਕੱਤਰ, ਦੇਬਾਸ਼੍ਰੀ ਮੁਖਰਜੀ ਨੇ ਕਿਹਾ ਕਿ ਪ੍ਰਵਾਨਗੀਆਂ ਆਈ ਟੀ ਆਈ ਨੂੰ ਮਜ਼ਬੂਤ ਕਰਨ, ਸਿਖਲਾਈ ਵਿੱਚ ਸੁਧਾਰ ਕਰਨ ਅਤੇ ਸਨਅਤ ਦੀ ਹਿੱਸੇਦਾਰੀ ਵਧਾਉਣ ਵਿੱਚ ਸਹਾਇਤਾ ਕਰਨਗੀਆਂ।

------------------------------------------------------

ਵਿਦੇਸ਼ ਮੰਤਰੀ ਸੁਬ੍ਰਹਮਣੀਅਮ ਜੈਸ਼ੰਕਰ 19 ਅਤੇ 20 ਅਕਤੂਬਰ ਨੂੰ ਮੁੰਬਈ ਵਿੱਚ ਯੂਏਈ ਦੇ ਵਿਦੇਸ਼ ਮੰਤਰੀ ਸ਼ੇਖ ਅਬਦੁੱਲਾ ਬਿਨ ਜ਼ਾਇਦ ਅਲ ਨਾਹਯਾਨ ਦੀ ਮੇਜ਼ਬਾਨੀ ਕਰਨਗੇ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਯੂਏਈ ਦੇ ਵਿਦੇਸ਼ ਮੰਤਰੀ ਦੀ ਯਾਤਰਾ ਭਾਰਤ ਅਤੇ ਯੂਏਈ ਵਿਚਕਾਰ ਵਿਆਪਕ ਰਣਨੀਤਕ ਭਾਈਵਾਲੀ ਤਹਿਤ ਦੁਵੱਲੇ ਸਹਿਯੋਗ ਦੇ ਸਾਰੇ ਪਹਿਲੂਆਂ ਦੀ ਸਮੀਖਿਆ ਕਰੇਗੀ। ਦੋਵੇਂ ਧਿਰਾਂ ਊਰਜਾ, ਵਪਾਰ ਅਤੇ ਨਿਵੇਸ਼, ਫਿਨਟੈਕ, ਰੱਖਿਆ ਅਤੇ ਸੰਪਰਕ ਦੇ ਖੇਤਰਾਂ ਵਿੱਚ ਪਹਿਲਕਦਮੀਆਂ ਦੀ ਸਮੀਖਿਆ ਕਰਨਗੀਆਂ ਅਤੇ ਅੱਗੇ ਵਧਾਉਣਗੀਆਂ।

ਸ਼੍ਰੀ ਜੈਸਵਾਲ ਨੇ ਕਿਹਾ ਕਿ ਵਿਦੇਸ਼ ਮੰਤਰੀ 20 ਅਕਤੂਬਰ ਨੂੰ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨਾਲ ਗੱਲਬਾਤ ਕਰਨਗੇ। ਉਹ ਵਿਸ਼ੇਸ਼ ਮਹਿਮਾਨ ਵਜੋਂ ਅਮਰੀਕਾ ਦੀ ਆਜ਼ਾਦੀ ਦੀ 250ਵੀਂ ਵਰ੍ਹੇਗੰਢ ਦੇ ਜਸ਼ਨਾਂ ਵਿੱਚ ਸ਼ਾਮਿਲ ਹੋਣਗੇ।

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਯਾਤਰਾ ਬਾਰੇ, ਸ਼੍ਰੀ ਜੈਸਵਾਲ ਨੇ ਕਿਹਾ ਕਿ ਇਹ ਦੋਵਾਂ ਦੇਸ਼ਾਂ ਨੂੰ ਭਾਰਤ-ਅਮਰੀਕਾ ਸਬੰਧਾਂ ਦੀ ਸਮੀਖਿਆ ਕਰਨ ਅਤੇ ਵਿਆਪਕ ਆਲਮੀ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਉਪਾਵਾਂ 'ਤੇ ਚਰਚਾ ਕਰਨ ਦਾ ਮੌਕਾ ਪ੍ਰਦਾਨ ਕਰੇਗੀ।

ਅਮਰੀਕੀ ਸੈਨੇਟਰ ਪ੍ਰਮਿਲਾ ਜੈਪਾਲ ਦੀਆਂ ਹਾਲੀਆ ਟਿੱਪਣੀਆਂ ਬਾਰੇ, ਸ਼੍ਰੀ ਜੈਸਵਾਲ ਨੇ ਕਿਹਾ ਕਿ ਭਾਰਤ ਉਨ੍ਹਾਂ ਨੂੰ ਅਣਉਚਿਤ ਅਤੇ ਜਾਣਕਾਰੀ ਦੀ ਘਾਟ ਵਿਚ ਕੀਤੀਆਂ ਗਈਆਂ ਟਿੱਪਣੀਆਂ ਮੰਨਦਾ ਏ. ਉਨ੍ਹਾਂ ਕਿਹਾ ਕਿ ਇਹ ਟਿੱਪਣੀਆਂ ਇੱਕ ਲੋਕਤੰਤਰੀ ਦੇਸ਼ ਦੀ ਚੋਣ ਪ੍ਰਕਿਰਿਆ ਵਿੱਚ ਦਖਲਅੰਦਾਜ਼ੀ ਦੇ ਬਰਾਬਰ ਨੇ. ਉਨ੍ਹਾਂ ਕਿਹਾ ਕਿ ਅਜਿਹਾ ਦ੍ਰਿਸ਼ਟੀਕੋਣ ਲੋਕਤੰਤਰ ਨੂੰ ਕਮਜ਼ੋਰ ਕਰਦਾ ਏ।

------------------------------------------------------

ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਬੈਂਗਕੋਕ ਵਿੱਚ, ਅੰਤਰਰਾਸ਼ਟਰੀ ਮਾਲੀ ਫ਼ੰਡ (IMF) ਅਤੇ ਵਿਸ਼ਵ ਬੈਂਕ ਦੀਆਂ ਸਾਲਾਨਾ ਮੀਟਿੰਗਾਂ ਤੋਂ ਵੱਖ ਤੌਰ 'ਤੇ, 'ਜਾਪਾਨ ਦੇ ਅੰਤਰਰਾਸ਼ਟਰੀ ਸਹਿਯੋਗ ਬੈਂਕ' ਦੇ ਗਵਰਨਰ ਕਾਜ਼ੂਹੀਕੋ ਅਮਾਕਾਵਾ ਨਾਲ ਮੁਲਾਕਾਤ ਕੀਤੀ। ਦੋਵਾਂ ਦੇਸ਼ਾਂ ਨੇ ਸਾਫ਼-ਸੁਥਰੀ ਊਰਜਾ, ਸੈਮੀਕੰਡਕਟਰ ਅਤੇ ਮਹੱਤਵਪੂਰਨ ਖਣਿਜਾਂ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ। ਖਜ਼ਾਨਾ

ਮੰਤਰਾਲੇ ਨੇ ਦੱਸਿਆ ਏ ਕਿ ਚਰਚਾਵਾਂ, ਊਰਜਾ ਤਬਦੀਲੀ, ਨਿਰਮਾਣ, ਇਲੈਕਟ੍ਰਿਕ ਆਵਾਜਾਈ ਅਤੇ ਮਜ਼ਬੂਤ ਸਪਲਾਈ ਚੇਨ ਦੇ ਖੇਤਰ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਸਨ।

ਦੋਵਾਂ ਦੇਸ਼ਾਂ ਨੇ 60 ਕਰੋੜ ਡਾਲਰ ਦੇ ਭਾਰਤ-ਜਾਪਾਨ ਫੰਡ ਰਾਹੀਂ ਸਹਿਯੋਗ ਅਤੇ ਰਾਸ਼ਟਰੀ ਨਿਵੇਸ਼ ਤੇ ਬੁਨਿਆਦੀ ਢਾਂਚਾ ਫੰਡ ਵਿੱਚ ਜਾਪਾਨ ਦੀ ਹਿੱਸੇਦਾਰੀ ਬਾਰੇ ਵਿਚਾਰ-ਵਟਾਂਦਰਾ ਕੀਤਾ।
ਸ੍ਰੀ ਅਮਾਕਾਵਾ ਨੇ ਇਲੈਕਟ੍ਰਿਕ ਆਵਾਜਾਈ ਅਤੇ ਬਾਇਓ-ਇਥਾਨੌਲ ਵਿੱਚ 'ਭਾਰਤ-ਜਾਪਾਨ ਫੰਡ' ਦੀ ਸਫਲਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੈਮੀਕੰਡਕਟਰ, ਏ.ਆਈ. ਅਤੇ ਡਾਟਾ ਕੇਂਦਰਾਂ ਵਿੱਚ ਜਾਪਾਨ ਦੀ ਵਧ ਰਹੀ ਦਿਲਚਸਪੀ ਦਾ ਜ਼ਿਕਰ ਕੀਤਾ।

-----------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵੱਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ਏ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਸ਼ਾਹ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ ਪੁੱਛਿਆ ਏ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਕੌਣ ਯਕੀਨੀ ਬਣਾਏਗਾ।

ਇਸ ਦੇ ਨਾਲ ਹੀ, ਗ੍ਰਹਿ ਮੰਤਰੀ ਨੇ ਰਾਜ ਦੇ ਲੋਕਾਂ ਨੂੰ ਆਪਣਾ ਅਹਿਦ ਦੁਹਰਾਇਆ ਏ ਕਿ ਜੇਕਰ ਭਾਜਪਾ ਸਰਕਾਰ ਬਣਾਉਂਦੀ ਏ, ਤਾਂ ਪਾਰਟੀ ਨਸ਼ਾ ਮੁਕਤ, ਗੈਂਗਸਟਰ ਮੁਕਤ, ਸੁਰੱਖਿਅਤ ਪੰਜਾਬ ਬਣਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਸਪੱਸ਼ਟ ਏ - ਨਸ਼ੇ ਦੇ ਕਾਰੋਬਾਰ 'ਤੇ ਹਮਲਾ ਕਰਨਾ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਕਰਨਾ, ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਅਤੇ ਕਾਨੂੰਨ ਦਾ ਅਜਿਹਾ ਰਾਜ ਯਕੀਨੀ ਬਣਾਉਣਾ ਜਿਸ ਵਿੱਚ ਕੋਈ ਵੀ ਨਾਗਰਿਕ ਡਰ ਨਾਲ ਰਹਿਣ ਲਈ ਮਜਬੂਰ ਨਾ ਹੋਵੇ. **ਇੱਕ ਰਿਪੋਰਟ -**

*ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਅਤੇ ਸੰਗਠਿਤ ਅਪਰਾਧ ਦਾ ਖ਼ਤਰਾ ਵਧ ਰਿਹਾ ਹੈ ਅਤੇ ਨਸ਼ੀਲੇ ਪਦਾਰਥਾਂ ਦੇ ਖਤਰੇ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ 'ਤੇ ਸਵਾਲ ਉਠ ਰਹੇ ਨੇ।*

*ਬੀਤੇ ਮੰਗਲਵਾਰ ਨੂੰ ਮਾਨਸਾ ਵਿੱਚ ਸਿੰਥੈਟਿਕ ਨਸ਼ੇ ਵਿਰੁੱਧ ਆਵਾਜ਼ ਉਠਾਉਣ ਵਾਲੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਹੱਤਿਆ ਅਤੇ ਸੰਗਰੂਰ ਦੇ ਦਿੜ੍ਹਬਾ ਹਲਕੇ ਵਿੱਚ ਦਬਾਅ ਹੇਠ ਇੱਕ ਪਿਤਾ ਵੱਲੋਂ ਹਾਲ ਹੀ ਵਿੱਚ ਕੀਤੀ ਗਈ ਖੁਦਕੁਸ਼ੀ ਦੀ ਘਟਨਾ ਦਾ ਹਵਾਲਾ ਦਿੰਦੇ ਹੋਏ ਓਹਨਾ ਕਿਹਾ ਕੇ ਅਹਿਨਾ ਦੋਵਾਂ ਘਟਨਾਵਾਂ ਨੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਗ੍ਰਹਿ ਮੰਤਰੀ ਨੇ ਕਿਹਾ ਕਿ ਪਰਵਿੰਦਰ ਦੇ ਪਿਤਾ ਨੇ 'ਆਪ' ਸਰਕਾਰ ਅਤੇ ਇਸਦੇ ਵਿਧਾਇਕ 'ਤੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਗ੍ਰਹਿ ਮੰਤਰਾਲਾ ਦੋਵਾਂ ਘਟਨਾਵਾਂ 'ਤੇ ਪੰਜਾਬ ਸਰਕਾਰ ਤੋਂ ਜਵਾਬ ਮੰਗੇਗਾ।*

*ਸ੍ਰੀ ਸ਼ਾਹ ਨੇ ਸ੍ਰੀ ਮਾਨ ਨੂੰ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਪ੍ਰਚਾਰ ਅਤੇ ਐਲਾਨਾਂ ਦੀ ਨਹੀਂ, ਨਤੀਜਿਆਂ ਦੀ ਲੋੜ ਹੈ। ਉਨ੍ਹਾਂ ਨੂੰ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ 'ਤੇ ਫੈਸਲਾਕੁੰਨ ਹਮਲੇ ਅਤੇ ਅਪਰਾਧੀਆਂ ਨੂੰ ਦਿੱਤੀ ਜਾਣ ਵਾਲੀ ਕਿਸੇ ਵੀ ਰਾਜਨੀਤਿਕ ਸਰਪ੍ਰਸਤੀ ਦੀ ਨਿਰਪੱਖ ਜਾਂਚ ਦੀ ਲੋੜ ਹੈ।*

*ਰਾਜੇਸ਼ ਬਾਲੀ / ਆਕਾਸ਼ਵਾਣੀ ਖ਼ਬਰਾਂ / ਜਲੰਧਰ*

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਵੀ ਕਿਹਾ ਏ ਕਿ ਪੰਜਾਬ ਦਾ ਨਸ਼ਾ ਸੰਕਟ ਚਿੰਤਾਜਨਕ ਪੱਧਰ 'ਤੇ ਪਹੁੰਚ ਗਿਆ ਏ। ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟੇ ਦੇ ਕਤਲ ਤੋਂ ਦੋ ਦਿਨ ਬਾਅਦ, ਗੁਰਦਾਸਪੁਰ ਵਿੱਚ 40 ਸਾਲਾ ਬਿਕਰਮਜੀਤ ਸਿੰਘ ਦਾ ਕਤਲ, 'ਆਪ' ਸਰਕਾਰ ਦੇ ਅਧੀਨ ਕਾਨੂੰਨ ਵਿਵਸਥਾ ਦੇ ਢਹਿ-ਢੇਰੀ ਹੋਣ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਏ।
ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਪੰਜਾਬ ਨੂੰ ਡਰੱਗ ਮਾਫੀਆ ਵਿਰੁੱਧ ਫੈਸਲਾਕੁੰਨ ਕਾਰਵਾਈ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਦੀ ਲੋੜ ਏ। ਪੰਜਾਬ ਦੇ ਲੋਕ ਜਵਾਬਦੇਹੀ ਅਤੇ ਇੱਕ ਅਜਿਹੀ ਸਰਕਾਰ ਦੇ ਹੱਕਦਾਰ ਨੇ ਜੋ ਉਨ੍ਹਾਂ ਨੂੰ ਸੁਰੱਖਿਅਤ ਰੱਖ ਸਕੇ।

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਪੁਲਿਸ ਅਕੈਡਮੀ, ਫਿਲੌਰ ਵਿਖੇ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਮੀਟਿੰਗ ਦੌਰਾਨ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੀ ਸਮੀਖਿਆ ਕੀਤੀ।

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

ਗ੍ਰਹਿ ਮੰਤਰਾਲੇ ਨੇ ਮਰਦਮਸ਼ੁਮਾਰੀ ਕਾਨੂੰਨ, 1948 ਤਹਿਤ ਮਰਦਮਸ਼ੁਮਾਰੀ (ਸੋਧ) ਨੇਮ, 2026 ਲਾਗੂ ਕੀਤਾ ਏ । ਮੰਤਰਾਲੇ ਨੇ ਅੱਜ ਇਸ ਸਬੰਧ ਵਿੱਚ ਇੱਕ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ । ਇਸ ਸੋਧ ਤਹਿਤ, ਯੋਗ ਗਣਨਾਕਾਰਾਂ ਦੀ ਸੂਚੀ ਵਿੱਚ ਅਧਿਆਪਕ, ਸਰਕਾਰੀ ਅਧਿਕਾਰੀ, ਸਥਾਨਕ ਅਥਾਰਟੀ ਮੁਲਾਜ਼ਮ ਅਤੇ ਸੰਬੰਧਿਤ ਰਾਜ ਸਰਕਾਰਾਂ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ ਪ੍ਰਸ਼ਾਸਨ ਵਲੋਂ ਯੋਗ ਸਮਝੇ ਜਾਂਦੇ ਹੋਰ ਵਿਅਕਤੀ ਸ਼ਾਮਿਲ ਨੇ. ਸੋਧੇ ਹੋਏ ਨੇਮਾਂ ਮੁਤਾਬਿਕ ਸਰਕਾਰੀ, ਸਥਾਨਕ ਅਥਾਰਟੀ, ਸਹਾਇਤਾ ਪ੍ਰਾਪਤ ਅਤੇ ਗੈਰ-ਸਹਾਇਤਾ ਪ੍ਰਾਪਤ ਨਿੱਜੀ ਵਿਦਿਅਕ ਸੰਸਥਾਵਾਂ ਦੇ ਨਾਲ-ਨਾਲ ਸੁਸਾਇਟੀਆਂ ਜਾਂ ਟਰੱਸਟਾਂ ਵਲੋਂ ਚਲਾਈਆਂ ਜਾ ਰਹੀਆਂ ਸੰਸਥਾਵਾਂ ਦੇ ਅਧਿਆਪਕਾਂ ਨੂੰ ਗਣਨਾਕਾਰ ਵਜੋਂ ਨਿਯੁਕਤ ਕੀਤਾ ਜਾ ਸਕਦਾ ਏ। ਸੋਧ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ, ਸਥਾਨਕ ਅਥਾਰਟੀ ਅਤੇ ਜਨਤਕ ਖੇਤਰ ਦੇ ਅਦਾਰਿਆਂ, ਕਾਨੂੰਨੀ ਸੰਸਥਾਵਾਂ, ਬੈਂਕਾਂ, ਕੰਪਨੀਆਂ, ਸੰਸਥਾਵਾਂ, ਸੁਸਾਇਟੀਆਂ ਅਤੇ ਟਰੱਸਟਾਂ ਸਮੇਤ ਵੱਖ-ਵੱਖ ਸੰਸਥਾਵਾਂ ਵਿੱਚ ਨਿਯੁਕਤ ਕਲਰਕ ਅਤੇ ਹੋਰ ਅਧਿਕਾਰੀ ਵੀ ਸ਼ਾਮਿਲ ਨੇ।

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

ਸੁਪਰੀਮ ਕੋਰਟ ਨੇ ਅੱਜ ਕਿਹਾ ਏ ਕਿ ਜੇਕਰ ਨਵੀਂ ਦਿੱਲੀ ਦੇ ਕਨਾਟ ਪਲੇਸ ਦੇ ਆਲੇ-ਦੁਆਲੇ ਲਗਾਤਾਰ ਹੋਣ ਵਾਲੇ ਵਿਰੋਧ ਮੁਜ਼ਾਹਰੇ ਅਤੇ ਸੁਰੱਖਿਆ ਪਾਬੰਦੀਆਂ ਕਾਰੋਬਾਰਾਂ ਨੂੰ ਪ੍ਰਭਾਵਿਤ ਕਰਦੀਆਂ ਨੇ ਤਾਂ ਉਹ ਦਖਲ ਦੇਵੇਗੀ। ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਲਿਆ ਬਾਗਚੀ ਦੀ ਬੈਂਚ ਕਾਕਰੋਚ ਜਨਤਾ ਪਾਰਟੀ ਵਲੋਂ ਬੁਲਾਏ ਗਏ ਵਿਰੋਧ ਮੁਜ਼ਾਹਰਿਆਂ ਤੋਂ ਪਹਿਲਾਂ ਸੈਂਟਰਲ ਪਾਰਕ ਨੂੰ ਦੋ ਦਿਨ ਪਹਿਲਾਂ ਬੰਦ ਕਰਨ ਦੇ ਨਵੀਂ ਦਿੱਲੀ ਨਗਰ ਪ੍ਰੀਸ਼ਦ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ।

---------------------------------------------------------

ਕੇਂਦਰ ਸਰਕਾਰ ਨੇ ਅੱਜ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਏ ਕਿ ਹਵਾਈ ਕਿਰਾਏ ਨੂੰ ਨੇਮਬਧ ਕਰਨ ਲਈ ਨੇਮਾਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਏ । ਇਨ੍ਹਾਂ ਨੇਮਾਂ ਨੂੰ ਪ੍ਰਸ਼ਾਸਕੀ ਪ੍ਰਵਾਨਗੀ ਮਿਲ ਗਈ ਏ ਅਤੇ ਦੋ ਹਫ਼ਤਿਆਂ ਦੇ ਅੰਦਰ ਪ੍ਰਕਾਸ਼ਿਤ ਕੀਤਾ ਜਾਵੇਗਾ। ਜਸਟਿਸ ਵਿਕਰਮ ਨਾਥ, ਆਰ. ਮਹਾਦੇਵਨ ਅਤੇ ਅਪਰੇਸ਼ ਸਿੰਘ ਦੀ ਬੈਂਚ ਨਿੱਜੀ ਹਵਾਈ ਕੰਪਨੀਆਂ ਵਲੋਂ ਵਸੂਲੇ ਜਾਂਦੇ ਮਨਮਾਨੇ ਅਤੇ ਬਹੁਤ ਜ਼ਿਆਦਾ ਹਵਾਈ ਕਿਰਾਏ ਸੰਬੰਧੀ ਇੱਕ ਜਨਹਿਤ ਪਟੀਸ਼ਨ ਦੀ ਸੁਣਵਾਈ ਕਰ ਰਹੀ ਸੀ।

---------------------------------------------------------

ਸੁਪਰੀਮ ਕੋਰਟ ਨੇ ਸੋਸ਼ਲ ਮੀਡੀਆ ਨਾਲ ਜੁੜੇ ਜੋਖਮਾਂ ਤੋਂ ਬੱਚਿਆਂ ਦੀ ਰਾਖੀ ਲਈ ਇੱਕ ਵਿਆਪਕ ਨੇਮ੍ਬ੍ਧੀ ਢਾਂਚਾ ਬਣਾਉਣ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਕੇਂਦਰ ਸਰਕਾਰ ਅਤੇ ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਤੋਂ ਜਵਾਬ ਮੰਗੇ ਨੇ।
ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਲਿਆ ਬਾਗਚੀ ਦੀ ਬੈਂਚ ਨੇ ਔਰਤਾਂ ਅਤੇ ਬਚਿਆਂ ਦੇ ਵਿਕਾਸ ਬਾਰੇ ਮੰਤਰਾਲੇ ਅਤੇ ਕਾਨੂੰਨ ਅਤੇ ਨਿਆਂ ਮੰਤਰਾਲੇ ਨੂੰ ਨੋਟਿਸ ਜਾਰੀ ਕੀਤੇ ਨੇ।

---------------------------------------------------------

ਕੁਸ਼ਤੀ ਵਿੱਚ ਭਾਰਤ ਦੀ ਕੋਮਲ ਨੇ ਅਮਰੀਕਾ ਦੇ Las Vegas ਵਿੱਚ 'ਅੰਡਰ-23 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ' ਵਿੱਚ ਔਰਤਾਂ ਦੇ 59 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦਾ ਤਮਗਾ ਜਿੱਤਿਆ ਏ।
ਇਸ ਦੌਰਾਨ, Amruta Pujari ਵੀ ਔਰਤਾਂ ਦੇ 72 ਕਿਲੋਗ੍ਰਾਮ ਵਰਗ ਦੇ ਫਾਈਨਲ ਵਿੱਚ ਪਹੁੰਚ ਗਈ ਏ।

---------------------------------------------------------

ਬੈਡਮਿੰਟਨ ਵਿੱਚ, ਭਾਰਤ ਦੇ ਜਗਸ਼ੇਰ ਸਿੰਘ ਖੰਗੂਰਾ ਨੇ ਮਿਸਰ ਦੇ ਕਾਹਿਰਾ ਵਿੱਚ, BWF ਵਿਸ਼ਵ ਜੂਨੀਅਰ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਮਗਾ ਹਾਸਿਲ ਕੀਤਾ ਏ।

---------------------------------------------------------

ਓਧਰ ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਨੇ ਜ਼ਿੰਬਾਬਵੇ ਖਿਲਾਫ ਤਿੰਨ 20-20 ਮੈਚਾਂ ਦੀ ਲੜੀ ਦੇ ਰਾਏਪੁਰ ਵਿੱਚ ਖੇਡੇ ਜਾ ਰਹੇ ਪਹਿਲੇ ਮੈਚ ਵਿੱਚ ਟਾਸ ਜਿੱਤ ਕੇ, ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਏ।

---------------------------------------------------------

- ਪੀਐਮ-ਸੇਤੂ ਦੀ ਰਾਸ਼ਟਰੀ ਸੰਚਾਲਨ ਕਮੇਟੀ ਵਲੋਂ ਮਹਾਰਾਸ਼ਟਰ, ਓਡੀਸ਼ਾ ਅਤੇ ਜੰਮੂ-ਕਸ਼ਮੀਰ ਵਿੱਚ ਪੰਜ ITI ਕਲੱਸਟਰਾਂ ਲਈ ਕਰੀਬ ਇੱਕ ਹਜ਼ਾਰ 194 ਕਰੋੜ ਰੁਪਏ ਦੀਆਂ ਨਿਵੇਸ਼ ਯੋਜਨਾਵਾਂ ਮਨਜ਼ੂਰ ।

- ਭਾਰਤ ਅਤੇ 'ਜਾਪਾਨ ਨੇ ਸਾਫ਼-ਸੁਥਰੀ ਊਰਜਾ, ਸੈਮੀਕੰਡਕਟਰ ਅਤੇ ਮਹੱਤਵਪੂਰਨ ਖਣਿਜਾਂ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ।

- ਗ੍ਰਹਿ ਮੰਤਰਾਲੇ ਨੇ ਮਰਦਮਸ਼ੁਮਾਰੀ ਕਾਨੂੰਨ, 1948 ਤਹਿਤ ਮਰਦਮਸ਼ੁਮਾਰੀ (ਸੋਧ) ਨੇਮ, 2026 ਲਾਗੂ ਕੀਤਾ ਏ।

- ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਏ ਕਿ ਹਵਾਈ ਕਿਰਾਏ ਨੂੰ ਨੇਮਬਧ ਕਰਨ ਲਈ ਨੇਮਾਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਏ।

- 'ਅੰਡਰ-23 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ' ਵਿੱਚ ਭਾਰਤ ਦੀ ਕੋਮਲ ਨੇ ਕਾਂਸੀ ਦਾ ਤਮਗਾ ਜਿੱਤਿਆ । ਬੈਡਮਿੰਟਨ ਵਿੱਚ, ਭਾਰਤ ਦੇ ਜਗਸ਼ੇਰ ਸਿੰਘ ਖੰਗੂਰਾ ਨੇ ਵੀ, BWF ਵਿਸ਼ਵ ਜੂਨੀਅਰ ਚੈਂਪੀਅਨਸ਼ਿਪ ਵਿੱਚ ਕਾਂਸੀ ਦਾ ਤਮਗਾ ਹਾਸਿਲ ਕੀਤਾ ।

---

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!